# ਮਹਿਲਾਵਾਂ ਲਈ ਲਗਾਏ ਰੁਜ਼ਗਾਰ ਮੇਲੇ 'ਚ 329 ਪ੍ਰਾਰਥਣਾਂ ਨੇ ਲਿਆ ਹਿੱਸਾ ਤੇ 117 ਦੀ ਚੋਣ



ਮੋਰਿੰਡਾ, 6 ਸਤੰਬਰ (ਰਾਜ ਕੁਮਾਰ ਦਸੌੜ) : ਪੰਜਾਬ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ, ਡਾ: ਪ੍ਰੀਤੀ ਯਾਦਵ, ਆਈ.ਏ.ਐਸ ਡਿਪਟੀ ਕਮਿਸ਼ਨਰ, ਰੂਪਨਗਰ ਦੀ ਰਹਿਨੁਮਾਈ ਅਤੇ ਸ੍ਰੀਮਤੀ ਪੂਜਾ ਸਿਆਲ, ਪੀ.ਸੀ.ਐਸ. ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਸੀ.ਈ.ਓ. ਡੀ.ਬੀ.ਈ.ਈ. ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਪ੍ਰਸਾਸਨ ਵਲੋਂ ਲੜਕੀਆਂ ਲਈ ਵਿਸ਼ੇਸ਼ ਰੋਜਗਾਰ ਮੇਲਾ ਬਾਬਾ ਜ਼ੋਰਾਵਰ ਸਿੰਘ ਫਤਿਹ ਸਿੰਘ ਖ਼ਾਲਸਾ ਗਰਲਜ਼ ਕਾਲਜ, ਮੋਰਿੰਡਾ ਵਿਖੇ ਲਗਾਇਆ ਗਿਆ। ਇਹ ਰੁਜ਼ਗਾਰ ਮੇਲਾ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਰੂਪਨਗਰ ਵਲੋਂ ਸਮਾਜਿਕ ਸੁਰੱਖਿਆ ਇਸਤਰੀ ਅਤੇ ਬਾਲ ਵਿਕਾਸ, ਰੂਪਨਗਰ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਰੋਜਗਾਰ ਮੇਲੇ ਵਿੱਚ ਡਾ: ਚਰਨਜੀਤ ਸਿੰਘ, ਐਮ.ਐਲ.ਏ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ, ਡਾ. ਪ੍ਰੀਤੀ ਯਾਦਵ, ਆਈ.ਏ.ਐਸ ਡਿਪਟੀ ਕਮਿਸ਼ਨਰ ਅਤੇ ਸ੍ਰੀਮਤੀ ਪੂਜਾ ਸਿਆਲ, ਪੀ.ਸੀ.ਐਸ. ਵਧੀਕ ਡਿਪਟੀ ਕਮਿਸ਼ਨਰ (ਜਨਰਲ)-ਕਮ-ਸੀ.ਈ.ਓ. ਡੀ.ਬੀ.ਈ.ਈ. ਵਲੋਂ ਉਚੇਚੇ ਤੌਰ 'ਤੇ ਸ਼ਿਰਕਤ ਕੀਤੀ ਗਈ। ਰੋਜਗਾਰ ਮੇਲੇ ਵਿਚ 16 ਪ੍ਰਾਈਵੇਟ ਕੰਪਨੀਆਵਲੋਂ ਸੇਲਜ਼ ਅਫ਼ਸਰ, ਡਿਵੈਲਪਮੈਂਟ ਮੈਨੇਜਰ, ਇੰਸ਼ੋਰੈਂਸ ਮੈਨੇਜਰ, ਰਿਲੇਸ਼ਨਸ਼ਿਪ ਐਗਜੀਕਿਊਟਿਵ, ਵੈਲਨੈਸ ਅਡਵਾਈਜ਼ਰ ਅਤੇ ਡਾਟਾ ਐਂਟਰੀ ਓਪਰੇਟਰ ਦੀਆਂ ਅਸਾਮੀਆਂ ਲਈ ਯੋਗ ਉਮੀਦਵਾਰਾਂ ਦੀ ਚੋਣ ਕੀਤੀ ਗਈ। ਇਸ ਰੋਜ਼ਗਾਰ ਮੇਲੇ ਵਿਚ 329 ਪ੍ਰਾਰਥੀਆਂ ਨੇ ਭਾਗ ਲਿਆ ਅਤੇ 117 ਪ੍ਰਾਰਥੀਆਂ ਦੀ ਚੋਣ ਹੋਈ ਅਤੇ 53 ਨੂੰ ਸ਼ਾਰਟਲਿਸਟ ਕੀਤਾ ਗਿਆ।